


ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post




To view our online newspaper visit **punjabipost.ca/epaper** | **Vol 24* Issue 128** | **Tuesday, 16 July 2024** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online*** ਰੋਜ਼ਾਨਾ ਪੜ੍ਹ ਸਕਦੇ ਹੋ

## ਪ੍ਰਧਾਨ ਮੰਤਰੀ ਟਰੂਡੋ ਨੇ ਟਰੰਪ ਨਾਲ ਕੀਤੀ ਗੱਲਬਾਤ, ਰਾਜਨੀਤਕ ਹਿੰਸਾ ਦੀ ਕੀਤੀ ਨਿੰਦਾ

ਓਟਵਾ, 15 ਜੁਲਾਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਦਫ਼ਤਰ ਨੇ ਕਿਹਾ ਕਿ ਜਸਟਿਨ ਟਰੂਡੋ ਨੇ ਇੱਲ ਰੈਲੀ ਵਿੱਚ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ 'ਤੇ ਹੋਈ ਭਿਆਨਕ ਗੋਲੀਬਾਰੀ ਦੇ ਮੱਦੇਨਜਰ ਅੱਜ ਦੁਪਹਿਰ ਉਨ੍ਹਾਂ ਨਾਲ ਗੱਲ ਕੀਤੀ।




ਟਰੂਡੋ ਦੇ ਦਫ਼ਤਰ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਟਰੰਪ ਦੇ ਤੰਦਰੁਸਤ ਹੋਣ ਦੀ ਕਾਮਨਾ ਕੀਤੀ, ਉਨ੍ਹਾਂ ਨੇ ਇਸਨੂੰ ਇੱਕ ਭਿਆਨਕ ਕਤਲ ਦੀ ਕੋਸ਼ਿਸ਼ ਦੱਸਿਆ ਅਤੇ ਦੁਹਰਾਇਆ ਕਿ ਰਾਜਨੀਤਕ ਹਿੰਸਾ ਲਈ ਕੋਈ ਜਗ੍ਹਾ ਨਹੀਂ ਹੈ।

ਸਾਬਕਾ ਰਾਸ਼ਟਰਪਤੀ ਅਤੇ ਅਗਲੀ ਰਾਸ਼ਟਰਪਤੀ ਚੋਣ ਵਿੱਚ ਸੰਭਾਵਿਕ ਰਿਪਬਲਿਕਨ ਉਮੀਦਵਾਰ ਨੂੰ ਮਾਰਨ ਦੀ ਕੋਸ਼ਿਸ਼ ਵਿੱਚ, ਬਟਲਰ, ਪੀ.ਏ. ਵਿੱਚ ਰੈਲੀ ਦੌਰਾਨ ਗੋਲੀ ਚੱਲੀ, ਜਿਸ ਵਿੱਚ ਇੱਕ ਮੌਜੂਦ ਵਿਅਕਤੀ ਦੀ ਮੌਤ ਹੋ ਗਈ ਅਤੇ ਦੋ ਹੋਰ ਜਖ਼ਮੀ ਹੋ ਗਏ ਸਨ।

## ਟਰੰਪ ਦੇ ਹਮਲਾਵਰ ਨੂੰ ਸਕੂਲ 'ਚ ਮਿਲਿਆ ਸੀ ਸਟਾਰ ਐਵਾਰਡ, ਉਸ ਦੇ ਸਕੂਲ ਦੇ ਸਾਥੀ ਉਸ ਨੂੰ ਚਿੜਾਉਂਦੇ ਰਹਿੰਦੇ ਸਨ

ਵਾਸ਼ਿੰਗਟਨ, 15 ਜੁਲਾਈ (ਪੋਸਟ ਬਿਊਰੋ): ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਰੈਲੀ ਦੌਰਾਨ ਉਨ੍ਹਾਂ 'ਤੇ ਗੋਲੀ ਚਲਾਉਣ ਵਾਲੇ ਸ਼ੱਕੀ ਮੁਲਜ਼ਮ ਨੂੰ ਸੀਕ੍ਰੇਟ ਸਰਵਿਸ ਦੇ ਸਨਾਈਪਰਾਂ ਨੇ ਮੌਕੇ 'ਤੇ ਹੀ ਮਾਰ ਦਿੱਤਾ। ਉਸ ਦੀ ਪਹਿਚਾਣ 20 ਸਾਲਾ ਥਾਮਸ ਮੈਥਿਊ ਕਰੂਕਸ ਵਜੋਂ ਹੋਈ ਹੈ।

ਥਾਮਸ ਨੇ ਇਹ ਹਮਲਾ ਕਿਉਂ ਕੀਤਾ, ਇਸ ਦਾ ਸੁਰੱਖਿਆ ਏਜੰਸੀਆਂ ਨੂੰ ਕੋਈ ਜਵਾਬ ਨਹੀਂ ਮਿਲਿਆ ਹੈ।



ਹਾਲਾਂਕਿ, ਬੈਥਲ ਪਾਰਕ ਹਾਈ ਸਕੂਲ ਤੋਂ ਉਸ ਦੇ ਪੁਰਾਣੇ ਸਹਿਪਾਠੀਆਂ ਤੋਂ ਉਸ ਬਾਰੇ ਕਈ ਗੱਲਾਂ ਸਾਹਮਣੇ ਆਈਆਂ ਹਨ।

ਥਾਮਸ ਨੇ 2022 ਵਿੱਚ ਇਸ ਸਕੂਲ ਤੋਂ ਗ੍ਰੈਜੂਏਸ਼ਨ ਕੀਤੀ। ਉਸ ਨੂੰ ਨੈਸ਼ਨਲ ਮੈਥ ਐਂਡ ਸਾਇੰਸ ਇਨੀਸ਼ੀਏਟਿਵ ਵੱਲੋਂ 40 ਹਜ਼ਾਰ ਰੁਪਏ ਦਾ 'ਸਟਾਰ ਐਵਾਰਡ' ਮਿਲਿਆ ਸੀ। ਪੁਰਾਣੇ ਸਕੂਲ ਦੇ ਸਾਥੀਆਂ ਨੇ ਉਸਨੂੰ ਇੱਕ ਸ਼ਾਂਤ ਸੁਭਾਅ ਵਾਲਾ ਦੱਸਿਆ ਹੈ। ਇਹ ਵੀ ਕਿਹਾ ਜਾਂਦਾ ਹੈ ਕਿ ਸਕੂਲ ਵਿੱਚ ਉਸ ਨੂੰ ਚਿੜਾਇਆ ਜਾਂਦਾ ਸੀ।

## ਓ-ਟਰੇਨ 15-28 ਜੁਲਾਈ ਤੱਕ ਰਹੇਗੀ ਬੰਦ



ਓਟਵਾ, 15 ਜੁਲਾਈ (ਪੋਸਟ ਬਿਊਰੋ): ਮੁਰੰਮਤ ਕੰਮ ਦੇ ਚਲਦੇ ਓ-ਟ੍ਰੇਨ ਦੋ ਹਫ਼ਤੇ ਲਈ ਪੱਛਮ ਵਾਲੇ ਇਲਾਕੇ ਵਾਲੀਆਂ ਲਾਈਨਾਂ 'ਤੇ ਬੰਦ ਰਹੇਗੀ।

ਓ.ਸੀ. ਟਰਾਂਸਪੋ ਦਾ ਕਹਿਣਾ ਹੈ ਕਿ ਕੰਫੇਡਰੇਸ਼ਨ ਲਾਈਨ ਸੋਮਵਾਰ, 15 ਜੁਲਾਈ ਤੋ ਐਤਵਾਰ, 28 ਜੁਲਾਈ ਵਿਚਕਾਰ ਟਿਊਨੀ ਦੇ ਪਾਸਚਰ ਅਤੇ ਰਿਡਿਊ ਸਟੇਸ਼ਨਾਂ ਵਿਚਕਾਰ ਸੰਚਾਲਨ ਨਹੀਂ ਹੋਵੇਗਾ। ਓ-ਟਰੇਨ ਬਲੇਅਰ ਅਤੇ ਯੂਓਟਵਾ ਸਟੇਸ਼ਨਾਂ ਵਿਚਕਾਰ ਆਮ ਵਾਂਗ ਚੱਲਦੀ ਰਹੇਗੀ।





















## ਅੱਜ ਨਾਮਾ

ਅਕਾਲੀ ਧੜੇ ਬਈ ਦੋਵੇਂ ਸਰਗਰਮ ਡਾਢੇ,
ਲੱਗੇ ਆ ਬੈਠਕਾਂ ਧੜਾ-ਧੜ ਕਰਨ ਬੇਲੀ।
ਅਹੁਦਿਆਂ ਵਾਲੇ ਚੱਲ ਆਂਵਦੇ ਕੁਝ ਆਗੂ,
ਅਹੁਦੇ ਬਗੈਰ ਵੀ ਬੈਠਕ ਨੂੰ ਭਰਨ ਬੇਲੀ।
ਦੂਸਰੇ ਪੱਖ ਦੀ ਖਬਰ ਨਹੀਂ ਕਰਨਗੇ ਕੀ,
ਖਬਰ ਪੁੱਜੀ ਤੋਂ ਪਹਿਲਾਂ ਹੀ ਡਰਨ ਬੇਲੀ।
ਦੋਵੇਂ ਪਾਸੀਂ ਹੀ ਘੁੰਮਣ ਕੁਝ ਚੁਸਤ ਬੰਦੇ,
ਮਿਲਿਆ ਮਾਲ ਦੁਪਾਸੇ ਉਹ ਚਰਨ ਬੇਲੀ।
ਕਿਸੇ ਨੂੰ ਪਤਾ ਨਹੀਂ ਅੰਤ ਵਿੱਚ ਕੀ ਹੋਣਾ,
ਹਾਲ ਦੀ ਘੜੀ ਮੈਦਾਨ ਬੱਸ ਗਰਮ ਬੇਲੀ।
ਫਸ ਗਏ ਸਿੰਗ ਹਨ ਜਾਪਦੇ ਕੁੰਢੀਆਂ ਦੇ,
ਦਿੱਸੀ ਕੋਈ ਨਹੀਂ ਦੂਜੀ ਤੋਂ ਨਰਮ ਬੇਲੀ।

**ਤੀਸ ਮਾਰ ਖਾਂ**

# ਟਰੰਪ 'ਤੇ ਹਮਲੇ ਦੀ ਤਸਵੀਰ ਵਾਲੀ ਟੀ-ਸ਼ਰਟ ਮਾਰਕੀਟ ਵਿਚ ਆਈ, ਕੀਮਤ 450 ਰੁਪਏ

ਵਾਸ਼ਿੰਗਟਨ, 15 ਜੁਲਾਈ (ਪੋਸਟ ਬਿਊਰੋ): ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ 'ਤੇ ਐਤਵਾਰ ਸਵੇਰੇ ਜਾਨਲੇਵਾ ਹਮਲਾ ਹੋਇਆ। ਪੈਨਸਿਲਵੇਨੀਆ ਵਿੱਚ ਇੱਕ ਚੋਣ ਰੈਲੀ ਵਿੱਚ ਹੋਈ ਗੋਲੀਬਾਰੀ ਵਿੱਚ ਇੱਕ ਗੋਲੀ ਉਨ੍ਹਾਂ ਦੇ ਕੰਨ ਨੂੰ ਛੂਹਕੇ ਨਿਕਲ ਗਈ। ਇਸ 'ਚ ਉਹ ਵਾਲ-ਵਾਲ ਬਚ ਗਏ। 15 ਮਿੰਟਾਂ ਬਾਅਦ, ਤਸਵੀਰ ਸਾਹਮਣੇ ਆਈ ਜਿਸ ਵਿੱਚ ਟਰੰਪ ਦੇ ਚਿਹਰੇ 'ਤੇ ਖੂਨ ਸੀ ਅਤੇ ਆਪਣੀ ਮੁੱਠੀ ਹਵਾ ਵਿੱਚ ਲਹਿਰਾ ਰਹੇ ਸਨ ਅਤੇ 'ਫਾਈਟ-ਫਾਈਟ' ਕਹਿ ਰਹੇ ਸਨ।




ਇਸ ਘਟਨਾ ਦੇ 2 ਘੰਟੇ ਬਾਅਦ ਹੀ ਚੀਨੀ ਈ-ਕਾਮਰਸ ਕੰਪਨੀ ਤਾਓਬਾਓ 'ਤੇ ਟਰੰਪ 'ਤੇ ਹਮਲੇ ਦੀ ਤਸਵੀਰ ਵਾਲੀ ਟੀ-ਸ਼ਰਟ ਵਿਕਣ ਲੱਗੀ। ਸਾਊਥ ਚਾਈਨਾ ਮਾਰਨਿੰਗ ਪੋਸਟ ਦੀ ਰਿਪੋਰਟ ਮੁਤਾਬਕ ਚੀਨ ਤੋਂ ਇਲਾਵਾ ਅਮਰੀਕਾ ਤੋਂ ਵੀ ਇਨ੍ਹਾਂ ਟੀ-ਸ਼ਰਟਾਂ ਦੇ ਆਰਡਰ ਆ ਰਹੇ ਹਨ। ਇੱਕ ਟੀ-ਸ਼ਰਟ ਦੀ ਕੀਮਤ ਕਰੀਬ 450 ਰੁਪਏ ਹੈ।

ਲੋਕ ਵੱਖ-ਵੱਖ ਸਲੋਗਨ ਲਿਖ ਕੇ ਟਰੰਪ ਦੀ ਇਸ ਤਸਵੀਰ ਵਾਲੀ ਟੀ-ਸ਼ਰਟ ਡਿਜ਼ਾਈਨ ਕਰ ਰਹੇ ਹਨ। ਕੁਝ ਟੀ-ਸ਼ਰਟਾਂ 'ਤੇ 'ਸ਼ੂਟਿੰਗ ਮੇਕਸ ਮੀ ਸਟਰਾਂਗ', ਆਈ ਵਿਲ ਨੈਵਰ ਸਟਾਪ ਅਤੇ ਕਿਸੇ 'ਤੇ ਫਾਈਟ ਨੈਵਰ ਸਰੇਂਡਰ, ਲਿਖਿਆ ਹੋਇਆ ਹੈ।

# ਕੇ-ਡਰਾਮਾ ਦੇਖਣ 'ਤੇ ਉੱਤਰੀ ਕੋਰੀਆ 'ਚ 30 ਵਿਦਿਆਰਥੀਆਂ ਨੂੰ ਮਾਰੀ ਗਈ ਗੋਲੀ

ਸਿਓਲ, 15 ਜੁਲਾਈ (ਪੋਸਟ ਬਿਊਰੋ): ਉੱਤਰੀ ਕੋਰੀਆ ਵਿੱਚ, ਕਿਮ ਜੋਂਗ ਉਨ ਦੀ ਤਾਨਾਸ਼ਾਹੀ ਸਰਕਾਰ ਨੇ 30 ਨਾਬਾਲਿਗ ਵਿਦਿਆਰਥੀਆਂ ਨੂੰ ਜਨਤਕ ਤੌਰ 'ਤੇ ਗੋਲੀ ਮਾਰ ਦਿੱਤੀ। ਇਨ੍ਹਾਂ ਵਿਦਿਆਰਥੀਆਂ 'ਤੇ ਦੱਖਣੀ ਕੋਰੀਆ 'ਚ ਬਣੇ ਸੀਰੀਅਲ ਦੇਖਣ ਦਾ ਦੋਸ਼ ਸੀ, ਜਿਸ ਨੂੰ ਕੋਰੀਆਈ ਡਰਾਮਾ ਜਾਂ ਕੇ-ਡਰਾਮਾ ਕਿਹਾ ਜਾਂਦਾ ਹੈ। 'ਜੋਂਗਐਂਗ ਡੇਲੀ' ਮੁਤਾਬਕ ਇਹ ਘਟਨਾ ਪਿਛਲੇ ਹਫਤੇ ਵਾਪਰੀ ਸੀ, ਜਿਸ ਦੇ ਵੇਰਵੇ ਹੁਣ ਸਾਹਮਣੇ ਆਏ ਹਨ।



ਦੱਖਣੀ ਕੋਰੀਆ ਦੇ ਸਥਾਨਕ ਟੀਵੀ ਚੈਨਲ 'ਚੋਸੁਨ' ਮੁਤਾਬਕ ਵਿਦਿਆਰਥੀਆਂ ਨੇ ਪੈਨ ਡਰਾਈਵ ਵਿਚ ਸਟੋਰ ਕੀਤੇ ਕਈ ਦੱਖਣੀ ਕੋਰੀਆਈ ਡਰਾਮੇ ਵੇਖੇ ਸਨ। ਇਹ ਪੈੱਨ ਡਰਾਈਵਜ਼ ਪਿਛਲੇ ਮਹੀਨੇ ਸਿਓਲ ਤੋਂ ਗੁਬਾਰਿਆਂ ਰਾਹੀਂ ਉੱਤਰੀ ਕੋਰੀਆ ਭੇਜੀਆਂ ਗਈਆਂ ਸਨ।

ਉੱਤਰੀ ਕੋਰੀਆ 'ਚ ਜਾਪਾਨੀ, ਕੋਰੀਆਈ ਅਤੇ ਅਮਰੀਕੀ ਡਰਾਮੇ 'ਤੇ ਪਾਬੰਦੀ ਹੈ। ਸਿਰਫ਼ ਰੂਸੀ ਸਿਨੇਮਾ ਜਾਂ ਜਿਸ ਨੂੰ ਸਰਕਾਰ ਸਹੀ ਮੰਨਦੀ ਹੈ, ਉੱਥੇ ਦਿਖਾਇਆ ਜਾਂਦਾ ਹੈ।

ਦਸੰਬਰ 2020 ਵਿੱਚ ਲਾਗੂ ਹੋਣ ਵਾਲੇ ਉੱਤਰੀ ਕੋਰੀਆ ਦੇ ਰਿਐਕਸ਼ਨਰੀ ਆਈਡੀਓਲਾਜੀ ਅਤੇ ਸੱਭਿਆਚਾਰ ਨੂੰ ਰੱਦ ਕਰਨ ਵਾਲੇ ਕਾਨੂੰਨ ਤਹਿਤ, ਦੱਖਣੀ ਕੋਰੀਆਈ ਮੀਡੀਆ ਨੂੰ ਪ੍ਰਸਾਰਿਤ ਕਰਨ ਵਾਲਿਆਂ ਲਈ ਮੌਤ ਦੀ ਸਜ਼ਾ ਅਤੇ ਇਸਨੂੰ ਦੇਖਣ ਵਾਲਿਆਂ ਲਈ 15 ਸਾਲ ਤੱਕ ਦੀ ਕੈਦ ਦੀ ਵਿਵਸਥਾ ਹੈ।

# ਪੰਜਾਬ ਪੁਲਿਸ ਵੱਲੋਂ ਲਖਬੀਰ ਲੰਡਾ ਦੀ ਹਮਾਇਤ ਵਾਲੇ ਅੰਤਰਰਾਜੀ ਹਥਿਆਰਾਂ ਦੀ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼, 6 ਪਿਸਤੌਲਾਂ ਸਮੇਤ ਦੋ ਕਾਬੂ

ਚੰਡੀਗੜ੍ਹ, 15 ਜੁਲਾਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.) ਅੰਮ੍ਰਿਤਸਰ ਨੇ ਅੰਤਰਰਾਜੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਵਿਦੇਸ਼ੀ ਮੂਲ ਦੇ ਅੱਤਵਾਦੀ ਲਖਬੀਰ ਉਰਫ਼ ਲੰਡਾ ਦੇ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਮੈਗਜ਼ੀਨ ਅਤੇ ਗੋਲਾ ਬਾਰੂਦ ਸਮੇਤ .32 ਬੋਰ ਦੇ ਛੇ ਅਤਿ-ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ।

ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਪਿੰਡ ਠੱਠੀਆਂ ਦੇ ਸੁਮਿਤਪਾਲ ਸਿੰਘ ਅਤੇ ਤਰਨਤਾਰਨ ਦੇ ਚੰਬਾ ਕਲਾਂ ਦੇ ਅਰਪਨਦੀਪ ਸਿੰਘ ਵਜੋਂ ਹੋਈ ਹੈ।



ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੁਆਰਾ ਐਮਪੀ-ਆਧਾਰਿਤ ਹਥਿਆਰਾਂ ਦੇ ਡੀਲਰ ਤੋਂ ਖਰੀਦੀ ਗਈ ਇਹ ਹਥਿਆਰਾਂ ਦੀ ਦੂਜੀ ਖੇਪ : ਡੀਜੀਪੀ

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਲਾਰੈਂਸ ਬਿਸ਼ਨੋਈ ਦੇ ਸਾਥੀਆਂ ਵੱਲੋਂ ਮੱਧ ਪ੍ਰਦੇਸ਼ (ਐਮਪੀ) ਤੋਂ ਹਥਿਆਰਾਂ ਦੀ ਖੇਪ ਪ੍ਰਾਪਤ ਕਰਨ ਸਬੰਧੀ ਖੁਫੀਆ ਜਾਣਕਾਰੀ ਮਿਲਣ ਉਪਰੰਤ ਕਾਰਵਾਈ ਕਰਦਿਆਂ ਐਸਐਸਓਸੀ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਇੱਕ ਆਪ੍ਰੇਸ਼ਨ ਚਲਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਰੇਲਵੇ ਸਟੇਸ਼ਨ ਅੰਮ੍ਰਿਤਸਰ ਨੇੜਿਓਂ ਕਾਬੂ ਕਰ ਲਿਆ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਸਿੱਧੇ ਤੌਰ 'ਤੇ ਐਮਪੀ ਸਥਿਤ ਗ਼ੈਰਕਾਨੂੰਨੀ ਹਥਿਆਰਾਂ ਦੇ ਡੀਲਰ ਦੇ ਸੰਪਰਕ ਵਿੱਚ ਸਨ। ਉਹਨਾਂ ਅੱਗੇ ਦੱਸਿਆ ਕਿ ਕਰੀਬ 15 ਦਿਨ ਪਹਿਲਾਂ ਉਕਤ ਮੁਲਜ਼ਮ ਹਥਿਆਰਾਂ ਦੀ ਖੇਪ ਲੈਣ ਲਈ ਬੱਸ ਰਾਹੀਂ ਐਮਪੀ ਗਏ ਸਨ ਅਤੇ ਉਥੋਂ ਰੇਲ ਰਾਹੀਂ ਅੰਮ੍ਰਿਤਸਰ ਵਾਪਸ ਪਰਤੇ ਸਨ।

ਡੀਜੀਪੀ ਨੇ ਕਿਹਾ ਕਿ ਗ੍ਰਿਫਤਾਰ ਮੁਲਜ਼ਮਾਂ ਵੱਲੋਂ ਐਮਪੀ ਆਧਾਰਤ ਹਥਿਆਰਾਂ ਦੇ ਡੀਲਰ ਤੋਂ ਪਿਛਲੇ ਦੋ ਮਹੀਨਿਆਂ ਵਿੱਚ ਖਰੀਦੀ ਗਈ ਇਹ ਦੂਜੀ ਖੇਪ ਹੈ, ਜਿਸ ਦੀ ਪੁਲੀਸ ਨੇ ਪਛਾਣ ਕਰ ਲਈ ਹੈ। ਬਾਕੀ ਬਚੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਅਤੇ ਮੱਧ ਪ੍ਰਦੇਸ਼ ਤੋਂ ਚੱਲ ਰਹੀ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਨੂੰ ਨੱਥ ਪਾਉਣ ਵਾਸਤੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।

ਹੋਰ ਵੇਰਵੇ ਸਾਂਝੇ ਕਰਦਿਆਂ ਏਆਈਜੀ ਐਸਐਸਓਸੀ ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੇ ਹਥਿਆਰਾਂ ਦੀ ਇਹ ਖੇਪ ਅਪਰਾਧਿਕ ਅਨਸਰਾਂ ਨੂੰ ਅੱਗੇ ਵੇਚਣ ਲਈ ਖਰੀਦੀ ਸੀ ਤਾਂ ਜੋ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇ ਸਕਣ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੇ ਇੱਕ ਮਹੀਨਾ ਪਹਿਲਾਂ ਹਰੀਕੇ ਇਲਾਕੇ ਵਿੱਚ ਦੋ ਅਣਪਛਾਤੇ ਵਿਅਕਤੀਆਂ ਨੂੰ .32 ਬੋਰ ਦੇ ਦੋ ਪਿਸਤੌਲ ਵੇਚਣ ਦੀ ਗੱਲ ਵੀ ਕਬੂਲੀ ਹੈ।

ਇਸ ਸਬੰਧੀ ਪੁਲਿਸ ਥਾਣਾ ਐਸ.ਐਸ.ਓ.ਸੀ. ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 61 (2) ਤਹਿਤ ਐਫਆਈਆਰ ਨੰਬਰ 42 ਮਿਤੀ 14.07.2024 ਦਰਜ ਕੀਤੀ ਗਈ ਹੈ।

# ਸ਼ਹੀਦ ਕੈਪਟਨ ਅੰਸ਼ੂਮਨ ਦੇ ਮਾਤਾ-ਪਿਤਾ ਅਤੇ ਪਤਨੀ ਨੂੰ ਬੀਮਾ ਫੰਡ 'ਚੋਂ ਮਿਲੇ 50-50 ਲੱਖ ਰੁਪਏ, ਪਤਨੀ ਨੂੰ ਮਿਲੇਗੀ

ਪੈਨਸ਼ਨ ਨਵੀਂ ਦਿੱਲੀ, 15 ਜੁਲਾਈ (ਪੋਸਟ ਬਿਊਰੋ): ਸਿਆਚਿਨ ਵਿੱਚ 19 ਜੁਲਾਈ 2023 ਨੂੰ ਫੌਜ ਦੇ ਤੰਬੂ ਨੂੰ ਲੱਗੀ ਅੱਗ ਵਿੱਚ ਸ਼ਹੀਦ ਹੋਏ ਦੇਵਰੀਆ ਦੇ ਕੈਪਟਨ ਅੰਸ਼ੂਮਨ ਦੇ ਪਰਿਵਾਰ ਨੂੰ ਆਰਮੀ ਗਰੁੱਪ ਇੰਸ਼ੋਰੈਂਸ ਫੰਡ ਵਿੱਚੋਂ 1 ਕਰੋੜ ਰੁਪਏ ਦਿੱਤੇ ਗਏ ਸਨ। ਇਹ ਰਕਮ ਅੰਸ਼ੂਮਨ ਦੇ ਮਾਤਾ-ਪਿਤਾ ਅਤੇ ਪਤਨੀ ਵਿਚਕਾਰ ਬਰਾਬਰ ਵੰਡੀ ਗਈ।



ਸ਼ਹੀਦ ਦੇ ਮਾਪਿਆਂ ਨੇ ਕਿਹਾ ਸੀ ਕਿ ਨੂੰਹ ਨੇ ਉਨ੍ਹਾਂ ਦੇ ਬੇਟੇ ਨੂੰ ਮਰਨ ਉਪਰੰਤ ਦਿੱਤੇ ਗਏ ਕੀਰਤੀ ਚੱਕਰ ਨੂੰ ਛੂਹਣ ਤੱਕ ਨਹੀਂ ਦਿੱਤਾ। ਪੁੱਤਰ ਦੇ ਜਾਣ ਤੋਂ ਬਾਅਦ ਨੂੰਹ ਸਨਮਾਨ ਲੈ ਕੇ ਚਲੀ ਗਈ। ਸਾਡੇ ਕੋਲ ਕੁਝ ਨਹੀਂ ਬਚਿਆ। ਫੌਜ ਨੂੰ ਸ਼ਹੀਦ ਦੇ ਪਰਿਵਾਰ ਨੂੰ ਆਰਥਿਕ ਸਹਾਇਤਾ ਦੇਣ ਦੇ ਨਿਯਮਾਂ ਵਿੱਚ ਬਦਲਾਅ ਕਰਨਾ ਚਾਹੀਦਾ ਹੈ।

ਇਸ ਬਾਰੇ ਫੌਜ ਦੇ ਸੂਤਰਾਂ ਦਾ ਕਹਿਣਾ ਹੈ ਕਿ ਫੌਜ ਵੱਲੋਂ ਮਾਤਾ-ਪਿਤਾ ਨੂੰ 50 ਲੱਖ ਰੁਪਏ ਅਤੇ ਪਤਨੀ ਨੂੰ 50 ਲੱਖ ਰੁਪਏ ਦਿੱਤੇ ਗਏ ਹਨ। ਜਾਣਕਾਰੀ ਮੁਤਾਬਕ ਸ਼ਹੀਦ ਦੀ ਪੈਨਸ਼ਨ ਸਿਰਫ਼ ਉਨ੍ਹਾਂ ਦੀ ਪਤਨੀ ਸਮ੍ਰਿਤੀ ਨੂੰ ਦਿੱਤੀ ਜਾਵੇਗੀ ਕਿਉਂਕਿ ਅੰਸ਼ੂਮਨ ਨੇ ਉਨ੍ਹਾਂ ਨੂੰ ਆਪਣਾ ਨਾਮਿਨੀ ਬਣਾਇਆ ਸੀ।

ਇਸ ਤੋਂ ਇਲਾਵਾ ਯੂਪੀ ਸਰਕਾਰ ਨੇ ਪਰਿਵਾਰ ਨੂੰ 50 ਲੱਖ ਰੁਪਏ ਵੀ ਦਿੱਤੇ ਸਨ। ਇਸ ਵਿੱਚੋਂ 15 ਲੱਖ ਰੁਪਏ ਮਾਪਿਆਂ ਨੂੰ ਅਤੇ 35 ਲੱਖ ਰੁਪਏ ਪਤਨੀ ਸਮ੍ਰਿਤੀ ਨੂੰ ਦਿੱਤੇ ਗਏ। ਇਸ ਦੇ ਬਾਵਜੂਦ ਸ਼ਹੀਦ ਦੇ ਮਾਪਿਆਂ ਨੇ ਵਿੱਤੀ ਸਹਾਇਤਾ ਦੇ ਨਿਯਮਾਂ ਨੂੰ ਬਦਲਣ ਦੀ ਗੱਲ ਕਹੀ ਸੀ।

# ਬੀਐੱਸਐੱਫ. ਨੇ ਫਾਜ਼ਿਲਕਾ 'ਚ ਪਾਕਿਸਤਾਨੀ ਡਰੋਨ ਡੇਗਿਆ, 3 ਪਿਸਤੌਲ ਤੇ 7 ਮੈਗਜ਼ੀਨ ਬਰਾਮਦ

ਫਾਜ਼ਿਲਕਾ, 15 ਜੁਲਾਈ (ਪੋਸਟ ਬਿਊਰੋ): ਫਾਜ਼ਿਲਕਾ ਜ਼ਿਲ੍ਹੇ ਵਿੱਚ ਪਾਕਿਸਤਾਨ ਤੋਂ ਭਾਰਤ-ਪਾਕਿਸਤਾਨ ਸਰਹੱਦ 'ਤੇ ਡਰੋਨ ਰਾਹੀਂ ਹਥਿਆਰ ਭੇਜੇ ਜਾਂਦੇ ਸਨ। ਬੀਐੱਸਐੱਫ ਦੇ ਜਵਾਨ ਨੇ ਗੋਲੀਬਾਰੀ ਕਰਕੇ ਡਰੋਨ ਨੂੰ ਹੇਠਾਂ ਡੇਗਿਆ ਅਤੇ ਹਥਿਆਰ ਤੇ ਡਰੋਨ ਬਰਾਮਦ ਕਰਨ ਤੋਂ ਬਾਅਦ ਹੁਣ ਇਸ ਮਾਮਲੇ ਦੀ ਜਾਂਚ ਫਾਜ਼ਿਲਕਾ ਦੇ ਸਟੇਟ ਸਪੈਸ਼ਲ ਸੈੱਲ ਦੇ ਥਾਣੇ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਕਿ ਹਥਿਆਰਾਂ ਦੀ ਖੇਪ ਭਾਰਤ ਵਿਚ ਕਿਸ ਕਿਸਨੇ ਮੰਗਵਾਈ ਸੀ।

ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਥਾਣਾ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਫਾਜ਼ਿਲਕਾ ਦੇ ਭਾਰਤ-ਪਾਕਿਸਤਾਨ ਸਰਹੱਦੀ ਇਲਾਕੇ ਬਾਓਪੀ ਮੁਹਾਰਸੋਨਾ ਨੇੜੇ ਇਕ ਦਿਨ ਪਹਿਲਾਂ ਰਾਤ ਨੂੰ ਇਕ ਡਰੋਨ ਦੀ ਹਲਚਲ ਹੋਈ, ਜਿਸ ਤੋਂ ਬਾਅਦ ਬੀ.ਐੱਸ.ਐੱਫ. ਜਵਾਨ ਨੇ ਡਰੋਨ ਨੂੰ ਦੇਖ ਕੇ ਫਾਇਰਿੰਗ ਕਰ ਦਿੱਤੀ। ਜਿਸ ਤੋਂ ਬਾਅਦ ਡਰੋਨ ਅਤੇ ਹਥਿਆਰ ਬਰਾਮਦ ਕੀਤੇ ਗਏ ਹਨ।

ਜਿਸ ਵਿੱਚ 3 ਪਿਸਤੌਲ, 7 ਮੈਗਜ਼ੀਨ ਅਤੇ ਇੱਕ ਡਰੋਨ ਬਰਾਮਦ ਕੀਤਾ ਗਿਆ ਹੈ। ਪੁਲਿਸ ਨੇ ਖੁਫੀਆ ਸੂਤਰਾਂ ਨੂੰ ਅਲਰਟ ਕਰ ਦਿੱਤਾ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

# ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਵੱਲੋਂ ਮਾਨਸੂਨ ਸੀਜ਼ਨ ਦੌਰਾਨ ਆਉਣ ਵਾਲੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ

## ਬਰਸਾਤ ਦੇ ਮੌਸਮ ਵਿੱਚ ਪਾਣੀ ਦੀ ਨਿਕਾਸੀ ਅਤੇ ਬੁਨਿਆਦੀ ਸਹੂਲਤਾਂ ਦਾ ਧਿਆਨ ਰੱਖਣ ਲਈ ਅਧਿਕਾਰੀਆਂ ਨੂੰ ਨਿਰਦੇਸ਼

ਚੰਡੀਗੜ੍ਹ, 15 ਜੁਲਾਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਅਤੇ ਇਥੋਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸੇ ਮੰਤਵ ਨੂੰ ਪੂਰਾ ਕਰਨ ਲਈ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਸੂਬੇ ਵਿਚ ਬਰਸਾਤੀ ਪਾਣੀ ਦੀ ਮੁਕੰਮਲ ਨਿਕਾਸੀ, ਨਾਲੀਆਂ ਦੀ ਸਾਫ ਸਫਾਈ ਅਤੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹੋਰ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਮਿਉਨਿਸਪਲ ਕਮਿਸ਼ਨਰਾਂ, ਵਧੀਕ ਡਿਪਟੀ ਕਮਿਸ਼ਨਰਾਂ, ਕਮੇਟੀਆਂ ਦੇ ਕਾਰਜ ਸਾਧਕ ਅਫਸਰਾਂ ਅਤੇ ਹੋਰ ਅਧਿਕਾਰੀ ਨਾਲ ਸੋਮਵਾਰ ਨੂੰ ਚੰਡੀਗੜ ਤੋਂ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਆਉਣ ਵਾਲੇ ਮਾਨਸੂਨ ਦੇ ਅਗਾਹੂੰ ਪ੍ਰਬੰਧਾਂ ਅਤੇ ਬਰਸਾਤ ਦੇ ਮੌਸਮ ਵਿੱਚ ਲੋਕਾਂ ਨੂੰ ਹੋਣ ਵਾਲੀ ਮੁਸ਼ਕਲਾਂ ਨਾਲ ਨਜਿੱਠਣ ਲਈ ਵਿਭਾਗੀ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲਿਆ।

ਮੀਟਿੰਗ ਦੌਰਾਨ ਮੰਤਰੀ ਨੇ ਕਿਹਾ ਕਿ ਸੀਵਰੇਜ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਸੀਵਰੇਜ਼ ਬਲਾਕ ਹੁੰਦਾ ਹੈ ਤਾਂ ਲੋੜੀਦਿਆਂ ਬਕਟ ਮਸ਼ੀਨਾਂ, ਜੈਟਿੰਗ ਮਸ਼ੀਨਾਂ ਅਤੇ ਜੈੱਟ ਸੈਕਿੰਗ ਮਸ਼ੀਨਾਂ ਅਤੇ ਲੋੜੀਂਦੀ ਮੈਨ ਪਾਵਰ ਦਾ ਪ੍ਰਬੰਧ ਕਰਕੇ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਪਾਣੀ ਦੀ ਨਿਕਾਸੀ ਲਈ ਪੰਪਸ ਅਤੇ ਜਨਰੇ-ਟਰ ਸੈਟ ਦਾ ਪ੍ਰਬੰਧ ਰੱਖਣਾ ਵੀ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਮੱਛਰ ਅਤੇ



ਮੱਖੀ ਦੀ ਰੋਕਥਾਮ ਲਈ ਦਵਾਇਆਂ ਦਾ ਪ੍ਰਬੰਧ ਕੀਤਾ ਜਾਵੇ ਅਤੇ ਲੋਕਾਂ ਨੂੰ ਸਾਫ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਮੇਨ ਹੋਲਜ਼ ਚੰਗੀ ਤਰ੍ਹਾਂ ਕਵਰ ਹੋਣ ਤਾਂ ਜੋ ਅਣਹੋਣੀ ਘਟਨਾ ਤੋਂ ਬਚਿਆ ਜਾ ਸਕੇ।

ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਕਰ ਕਿਸੇ ਏਰੀਏ ਵਿੱਚ ਹੜ੍ਹ ਵਰਗੀ ਸਥਿਤੀ ਬਣਦੀ ਹੈ ਤਾਂ ਉਥੇ ਦੇ ਲੋਕਾਂ ਨੂੰ ਸੇਫ ਬਿਲਡਿੰਗਾਂ ਵਿੱਚ ਸ਼ਿਫਟ ਕਰਨ ਲਈ ਹੋਰ ਬਿਲਡਿੰਗਾਂ ਦੀ ਅਗਾਹੂੰ ਪਛਾਣ ਕਰ ਲਈ ਜਾਵੇ। ਉਨ੍ਹਾਂ ਕਿਹਾ ਕਿ ਕੱਚੇ ਘਰ ਜਿਨ੍ਹਾਂ ਦੇ ਬਰਸਾਤੀ ਮੌਸਮ ਵਿੱਚ ਢਹਿਣ ਦੀ ਸੰਭਾਵਨਾ ਹੈ ਉੱਥੇ ਰਹਿੰਦੇ ਲੋਕਾਂ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾਵੇ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਯੋਗ ਪ੍ਰਬੰਧ ਕੀਤੇ ਜਾਣ। ਉਨ੍ਹਾ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਰਸਾਤੀ ਪਾਣੀ ਦੀ ਮੁਕੰਮਲ ਨਿਕਾਸੀ ਨੂੰ ਯਕੀਨੀ ਬਣਾਇਆ ਜਾਵੇ। ਮੰਤਰੀ ਨੇ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਸਮੇਂ-ਸਮੇਂ ਤੇ ਫੋਗਿੰਗ ਵੀ ਕਰਵਾਈ ਜਾਵੇ। ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਮੀਂਹ ਕਾਰਨ ਪੈਦਾ ਹੋਣ ਵਾਲੀਆਂ ਚੁਣੌਤੀਆਂ ਨਾਲ ਨੱਜਿਠਣ ਲਈ ਤੇਜ਼ੀ ਨਾਲ ਕੰਮ ਕਰਨ ਨੂੰ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਅਧਿਕਾਰੀਆਂ ਨੂੰ ਸਖਤ ਨਿਰਦੇਸ਼ ਦਿੱਤੇ ਕਿ ਕੰਮ ਵਿੱਚ ਕੁਤਾਹੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਕਰਨੀ ਭਗਵੰਤ ਮਾਨ ਸਰਕਾਰ ਦਾ ਮੁੱਖ ਉਦੇਸ਼ ਹੈ। ਇਸ ਟੀਚੇ ਨੂੰ ਪੂਰਾ ਕਰਨ ਲਈ ਸਰਕਾਰ ਵਚਨਬੱਧ ਹੈ।

ਇਸ ਮੌਕੇ ਪੰਜਾਬ ਜਲ ਸਪਲਾਈ ਸੀਵਰੇਜ ਬੋਰਡ ਦੇ ਸੀਈਓ ਮਾਲਵਿੰ-ਦਰ ਸਿੰਘ ਜੱਗੀ, ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਇੱਕ ਲੱਖ, 50 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਪ੍ਰਾਈਵੇਟ ਵਿਅਕਤੀ ਕਾਬੂ

ਚੰਡੀਗੜ੍ਹ, 15 ਜੁਲਾਈ (ਪੋਸਟ ਬਿਊਰੋ): ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਇੱਕ ਪ੍ਰਾਇਵੇਟ ਵਿਅਕਤੀ ਪਰਵੀਨ ਕੁਮਾਰ ਵਾਸੀ ਕਸਬਾ ਭਦੌੜ, ਜ਼ਿਲ੍ਹਾ ਬਰਨਾਲਾ ਨੂੰ 1,50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੇ ਇਸ ਤੋਂ ਪਹਿਲਾਂ ਮਹਿੰਦਰ ਸਿੰਘ ਵਾਸੀ ਬਰਨਾਲਾ ਵਿਰੁੱਧ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਰਿਸ਼ਵਤ ਮੰਗਣ ਸਬੰਧੀ ਸ਼ਿਕਾਇਤ ਦਰਜ ਕਰਵਾਈ ਸੀ। ਇਸ ਉਪਰੰਤ ਉਕਤ ਮੁਲਜ਼ਮ ਪਰਵੀਨ ਕੁਮਾਰ ਨੇ ਆਪਣੀ ਆਨਲਾਈਨ ਸ਼ਿਕਾਇਤ ਵਾਪਸ ਲੈਣ ਬਦਲੇ ਮਹਿੰਦਰ ਸਿੰਘ ਨੂੰ ਰਿਸ਼ਵਤ ਦੇਣ ਲਈ ਬਲੈਕਮੇਲ ਕਰਨਾ ਸ਼ੁਰੂ ਕਰ ਦਿੱਤਾ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਉਪਰੰਤ ਉਕਤ ਮਹਿੰਦਰ ਸਿੰਘ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਕਥਿਤ ਮੁਲਜ਼ਮ ਪਰਵੀਨ ਕੁਮਾਰ ਅਤੇ ਉਸਦੇ ਸਾਥੀ ਸਹਿ-ਮੁਲਜ਼ਮ ਗੱਜੂ ਰਾਮ ਵਾਸੀ ਪਿੰਡ ਭੱਦਲਵੱਢ, ਜ਼ਿਲ੍ਹਾ ਬਰਨਾਲਾ ਨੇ ਆਨਲਾਈਨ ਸ਼ਿਕਾਇਤ ਵਾਪਸ ਲੈਣ ਸਬੰਧੀ ਉਸ (ਸ਼ਿਕਾਇਤਕਰਤਾ) ਨਾਲ ਸਮਝੌਤਾ ਕਰਨ ਬਦਲੇ 2,50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।



ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਪਰਵੀਨ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 1,50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਕੇਸ ਦਾ ਸਹਿ-ਮੁਲਜ਼ਮ ਫਰਾਰ ਹੈ। ਇਸ ਸਬੰਧੀ ਉਕਤ ਦੋਵਾਂ ਮੁਲਜ਼ਮਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।









## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com











## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013





**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**


## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




# ਚੋਣਾਂ ਨੂੰ ਕਿਲ੍ਹਿਆਂ ਉੱਤੇ ਕਬਜ਼ਿਆਂ ਦੀਆਂ ਰਾਜਿਆਂ ਵਾਲੀਆਂ ਜੰਗਾਂ ਦਾ ਰੂਪ ਦੇਣਾ ਚੰਗਾ ਨਹੀਂ ਹੁੰਦਾ

ਜਤਿੰਦਰ ਪਨੂੰ ਦੀ ਕਲਮ ਤੋਂ



ਪਾਠਕਾਂ ਦੇ ਲਈ ਇਸ ਹਫਤੇ ਦੀ ਲਿਖਤ ਲਿਖਣ ਤੱਕ ਪੰਜਾਬ ਦੇ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਉੱਪ ਚੋਣ ਦਾ ਨਤੀਜਾ ਨਿਕਲ ਚੁੱਕਾ ਅਤੇ ਆਮ ਆਦਮੀ ਪਾਰਟੀ ਦਾ ਉਮੀਦਵਾਰ ਮਹਿੰਦਰ ਭਗਤ ਜਿੱਤ ਚੁੱਕਾ ਹੈ। ਲੋਕ ਸਭਾ ਚੋਣਾਂ ਹੁੰਦੇ ਸਾਰ ਕਿਉਂਕਿ ਖਬਰ ਆ ਗਈ ਸੀ ਕਿ ਜਲੰਧਰ ਪੱਛਮੀ ਹਲਕੇ ਤੋਂ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਾਲਿਆਂ ਕੋਲ ਜਾ ਪਹੁੰਚੇ ਵਿਧਾਇਕ ਸ਼ੀਤਲ ਅੰਗੁਰਾਲ ਦਾ ਅਸਤੀਫਾ ਵਿਧਾਨ ਸਭਾ ਸਪੀਕਰ ਨੇ ਪ੍ਰਵਾਨ ਕਰ ਲਿਆ ਹੈ, ਇਸ ਲਈ ਏਥੇ ਹੋਣ ਵਾਲੀ ਉੱਪ ਚੋਣ ਦੀ ਉਡੀਕ ਹਰ ਕਿਸੇ ਨੂੰ ਸੀ। ਫਿਰ ਵੀ ਇਹ ਚੋਣ ਏਨੀ ਕਾਹਲੀ ਵਿੱਚ ਕਰਵਾਈ ਜਾਵੇਗੀ, ਇਸ ਦੀ ਸੰਭਾਵਨਾ ਕਿਸੇ ਨੇ ਨਹੀਂ ਸੀ ਵੇਖੀ, ਪਰ ਚੋਣ ਕਮਿਸ਼ਨ ਨੇ ਬਹੁਤੇ ਦਿਨ ਲੰਘਾਉਣ ਤੋਂ ਪਹਿਲਾਂ ਇਸ ਉੱਪ ਚੋਣ ਦੇ ਪ੍ਰੋਗਰਾਮ ਦਾਐਲਾਨ ਕਰ ਦਿੱਤਾ। ਸਿਰਫ ਏਸੇ ਸੀਟ ਲਈ ਨਹੀਂ, ਕੁਝ ਹੋਰ ਰਾਜਾਂ ਵਿੱਚ ਵੀ ਜਿਨ੍ਹਾਂ ਸੀਟਾਂ ਤੋਂ ਅਸਤੀਫੇ ਦਿੱਤੇ ਗਏ ਤੇ ਪ੍ਰਵਾਨੇ ਜਾ ਚੁੱਕੇ ਸਨ, ਓਥੇ ਦੀਆਂ ਉੱਪ ਚੋਣਾਂ ਜਲੰਧਰ ਪੱਛਮੀ ਦੀ ਉੱਪ ਚੋਣ ਦੇ ਨਾਲ ਹੀ ਕਰਾਉਣ ਦਾ ਐਲਾਨ ਹੋ ਗਿਆ ਸੀ। ਇਸ ਨਾਲ ਉੱਪ ਚੋਣ ਵਾਲੇ ਹਰ ਰਾਜ ਵਿੱਚ ਲੋਕ ਸਭਾ ਚੋਣਾਂ ਦਾ ਗੇੜ ਖਤਮ ਹੁੰਦੇ ਸਾਰ ਇੱਕ ਹੋਰ ਗੇੜ ਚੱਲ ਪਿਆ ਅਤੇ ਚੋਣ ਜ਼ਾਬਤੇ ਕਾਰਨ ਰੁਕੇ ਕੰਮ ਫਿਰ ਰੁਕੇ ਰਹਿ ਗਏ ਸਨ। ਹਰ ਰਾਜ ਦੀ ਸਰਕਾਰ ਚਲਾ ਰਹੀ ਪਾਰਟੀ ਇਨ੍ਹਾਂ ਚੋਣਾਂ ਵਿੱਚ ਲੋਕਾਂ ਦਾ ਫਤਵਾ ਲੈਣ ਅਤੇ ਵਿਰੋਧੀ ਧਿਰ ਦੀ ਹਰ ਪਾਰਟੀ ਹਰ ਰਾਜ ਦੀ ਸਰਕਾਰ ਚਲਾ ਰਹੀ ਪਾਰਟੀ ਨੂੰ ਝਟਕਾ ਦੇਣ ਲਈ ਗਲੀਆਂ-ਬਾਜ਼ਾਰਾਂ ਵਿੱਚ ਨਿਕਲ ਤੁਰੀਆਂ ਸਨ।

ਜਲੰਧਰ ਪੱਛਮੀ ਹਲਕੇ ਦਾ ਨਤੀਜਾ ਕਈਆਂ ਨੂੰ ਇਸ ਗੱਲੋਂ ਹੈਰਾਨ ਕਰ ਸਕਦਾ ਹੈ ਕਿ ਰਾਜ ਸਰਕਾਰ ਚਲਾ ਰਹੀ ਪਾਰਟੀ ਦੇ ਪੱਖ ਵਿੱਚ ਆਮ ਲੋਕਾਂ ਦੀ ਹਮਾਇਤ ਅਜੇ ਵੀ ਏਨੀ ਤਕੜੀ ਹੈ ਕਿ ਸਾਰੀਆਂ ਧਿਰਾਂ ਨੂੰ ਜਿੰਨੀਆਂ ਵੋਟਾਂ ਪਈਆਂ ਹਨ, ਉਸ ਦੇ ਡਿਉਢੇ ਦੇ ਲਗਭਗ ਆਮ ਆਦਮੀ ਪਾਰਟੀ ਦੇ ਉਮੀਦਵਾਰ ਇਕੱਲੇ ਨੂੰ ਪੈ ਗਈਆਂ। ਅਜੇਸਵਾਕ੍ਹ ਮਹੀਨਾ ਪਹਿਲਾਂ ਜਦੋਂ ਲੋਕ ਸਭਾ ਚੋਣ ਹੋਈਤਾਂ ਏਸੇ ਹਲਕੇ ਵਿੱਚ ਆਮ ਆਦਮੀ ਪਾਰਟੀ ਦੀਆਂ ਵੋਟਾਂ ਸਾਢੇ ਪੰਦਰਾਂ ਹਜ਼ਾਰ ਮਸਾਂ ਟੱਪੀਆਂ ਸਨ, ਜਦ ਕਿ ਕਾਂਗਰਸ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਚੁਤਾਲੀ ਹਜ਼ਾਰ ਤੋਂ ਵੱਧ ਤੇ ਭਾਜਪਾਉਮੀਦਵਾਰ ਨੂੰ ਬਤਾਲੀ ਹਜ਼ਾਰ ਤੋਂ ਵੱਧ ਮਿਲ ਗਈਆਂ ਸਨ। ਏਨੇ ਥੋੜ੍ਹੇ ਸਮੇ ਵਿੱਚ ਹਾਕਮ ਪਾਰਟੀ ਦੀਆਂ ਵੋਟਾਂ ਪੰਦਰਾਂ ਹਜ਼ਾਰ ਤੋਂ ਵਧ ਕੇ ਪਚਵੰਜਾ ਹਜ਼ਾਰ ਨੂੰ ਟੱਪ ਗਈਆਂ ਅਤੇ ਕਾਂਗਰਸ ਨੂੰ ਅਠਾਰਾਂ ਤੋਂ ਹੇਠਾਂ ਤੇ ਭਾਜਪਾ ਨੂੰ ਸਤਾਰਾਂ ਹਜ਼ਾਰ ਤੋਂ ਘੱਟ ਪਈਆਂ ਹਨ, ਜਿਸ ਦਾ ਅਰਥ ਹੈ ਕਿ ਦੋਵੇਂ ਅੱਧ ਤੋਂ ਵੀ ਹੇਠ ਆਗਈਆਂ ਹਨ। ਸਰਕਾਰ ਦੀ ਅਗਵਾਈ ਕਰਦੀ ਪਾਰਟੀ ਦਾ ਉਮੀਦਵਾਰ ਜਿੱਤਣ ਦੀ ਗੱਲ ਤਾਂ ਕਈ ਜਣੇ ਕਹਿੰਦੇ ਸਨ, ਪਰ ਏਡੀ ਵੱਡੀ ਜਿੱਤ ਦੀ ਗੱਲ ਕਦੀ ਕਿਸੇ ਨਹੀਂ ਸੀ ਕੀਤੀ ਅਤੇ ਇਹੋ ਜਿਹਾ ਕੋਈ ਸਿੱਧਾ ਸੰਕੇਤ ਮੀਡੀਆ ਰਿਪੋਰਟਾਂ ਵਿੱਚੋਂ ਵੀ ਨਹੀਂ ਸੀ ਲੱਭਦਾ।

ਉਂਜ ਇਹ ਸਿਰਫ ਪੰਜਾਬ ਦੀ ਜਲੰਧਰ ਪੱਛਮੀ ਹਲਕੇ ਵਾਲੀ ਚੋਣ ਵਿੱਚ ਨਹੀਂ ਹੋਇਆ, ਸਾਡੇ ਗਵਾਂਢ ਹਿਮਾਚਲ ਪ੍ਰਦੇਸ਼ ਵਿੱਚ ਵੀ ਏਦਾਂ ਦਾ ਪ੍ਰਗਟਾਵਾ ਹੋਇਆ ਹੈ।ਉਸ ਰਾਜ ਦੀਆਂ ਤਿੰਨ ਉੱਪ ਚੋਣਾਂ ਵਿੱਚੋਂ ਦੋ ਉੱਤੇ ਕਾਂਗਰਸ ਪਾਰਟੀ ਜਿੱਤ ਗਈ ਅਤੇ ਲੋਕ ਸਭਾ ਚੋਣਾਂ ਮੌਕੇ ਅੱਗੇ ਰਹਿਣ ਲੈਣ ਵਾਲੀ ਭਾਜਪਾ ਸਿਰਫ ਇੱਕ ਸੀਟ ਜਿੱਤ ਸਕੀ ਹੈ। ਉੱਤਰਾ ਖੰਡ ਵਿੱਚ ਸਰਕਾਰ ਭਾਜਪਾ ਦੀ ਹੈ, ਕੇਂਦਰ ਸਰਕਾਰ ਵੀ ਉਨ੍ਹਾਂ ਦੀ ਹੈ, ਪਰ ਜਿਹੜੀਆਂ ਦੋ ਸੀਟਾਂ ਵਾਸਤੇ ਉੱਪ ਚੋਣ ਕਰਵਾਈ ਗਈ, ਦੋਵਾਂ ਉੱਤੇ ਕਾਂਗਰਸ ਨੇ ਭਾਜਪਾ ਨੂੰ ਭਾਜੜ ਪਾਈ ਰੱਖੀ ਹੈ। ਪੱਛਮੀ ਬੰਗਾਲ ਵਿੱਚਭਾਜਪਾ ਸਾਰਾ ਤਾਣ ਲਾਉਣ ਦੇ ਬਾਵਜੂਦ ਤ੍ਰਿਣਮੂਲ ਕਾਂਗਰਸ ਨੂੰ ਠਿੱਬੀ ਲਾਉਣ ਜੋਗੀ ਸਾਬਤ ਨਹੀਂ ਹੋ ਸਕੀ। ਨਤੀਜਿਆਂ ਦੇ ਵੇਰਵੇ ਤੋਂ ਲੋਕ ਇਹ ਸੋਚਣ ਲਈ ਮਜਬੂਰ ਹਨ ਕਿ ਜੇ ਰਾਜ ਕਰਦੀ ਪਾਰਟੀ ਨੇ ਹੀ ਹਰ ਥਾਂ ਜਿੱਤਣਾ ਹੈ ਤਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਜਿੱਤ ਗਈ, ਹਿਮਾ-ਚਲ ਪ੍ਰਦੇਸ਼ ਬਾਰੇ ਵੀ ਇਹੋ ਕਿਹਾ ਜਾ ਸਕਦਾ ਹੈ, ਪਰ ਉੱਤਰਾਖੰਡ ਵਿੱਚ ਭਾਜਪਾ ਦੀ ਸਰਕਾਰ ਹੁੰਦਿਆਂ ਓਥੇ ਭਾਜਪਾ ਨੂੰ ਪਸੀਨੇ ਕਿਉਂ ਆ ਗਏ ਹਨ। ਕਾਰਨ ਇਸ ਦਾ ਇਹੋ ਜਾਪਦਾ ਹੈ ਕਿ ਲੋਕ ਸਿਰਫ ਮੌਕੇ ਦੀ ਰਾਜ ਸਰਕਾਰ ਵੇਖ ਕੇ ਵੋਟਾਂ ਨਹੀਂ ਪਾਉਂਦੇ, ਉਹ ਇਸ ਸੋਚ ਉੱਤੇ ਚੱਲ ਪਏ ਹਨ ਕਿ ਕੇਂਦਰ ਦੀ ਵੋਟ ਪਾਉਣ ਮੌਕੇ ਇਹ ਸੋਚਣਾ ਹੈ ਕਿ ਦੇਸ਼ ਦੀ ਵਾਗ ਸੌਂਪਣ ਲਈ ਫਲਾਣੀ ਪਾਰਟੀ ਠੀਕ ਅਤੇ ਰਾਜ ਵਿੱਚ ਫਲਾਣੀ ਪਾਰਟੀ ਸਾਡੇ ਲਈ ਵੱਧ ਠੀਕ ਰਹੇਗੀ। ਪਹਿਲਾਂ ਇਹ ਸਿਰਫ ਦਿੱਲੀ ਵਿੱਚ ਹੁੰਦਾ ਰਿਹਾ ਸੀ ਕਿ ਸ਼ੀਲਾ ਦੀਕਸ਼ਤ ਮੁੱਖ ਮੰਤਰੀ ਹੁੰਦੀ ਸੀ ਤਾਂ ਲੋਕ ਵੋਟਾਂ ਪਾ ਕੇਲਗਭਗ ਹਰ ਵਾਰ ਪੂਰਨ ਬਹੁਮੱਤ ਨਾਲ ਉਸ ਨੂੰ ਜਿਤਾਦਿੱਤਾ ਕਰਦੇ ਸਨ, ਪਰ ਕੇਂਦਰੀ ਸੱਤਾ ਲਈ ਸਾਰੀਆਂ ਸੱਤ ਸੀਟਾਂ ਭਾਜਪਾ ਦੀ ਝੋਲੀ ਪਾ ਦਿੱਤਾ ਕਰਦੇ ਸਨ। ਆਮ ਆਦਮੀ ਪਾਰਟੀ ਦੇ ਆਗੂ ਅਰਵਿੰਦ ਕੇਜਰੀਵਾਲ ਦੀ ਅਗਵਾਈ ਦਾ ਵਕਤ ਆਇਆ ਤਾਂ ਰਾਜਵਿਧਾਨ ਸਭਾ ਵਿੱਚ ਵੱਧ ਸੀਟਾਂ ਆਮ ਆਦਮੀ ਪਾਰਟੀ ਨੂੰ ਦੇਣ ਲੱਗ ਪਏ ਅਤੇ ਕੇਂਦਰ ਸਰਕਾਰ ਦੀ ਮਜ਼ਬੂਤੀ ਲਈ ਆਪਣੀਆਂ ਵੋਟਾਂਭਾਜਪਾ ਨੂੰ ਪਾਉਂਦੇ ਰਹੇ। ਇਹ ਰੁਝਾਨ ਹੌਲੀ-ਹੌਲੀ ਭਾਰਤ ਦੇ ਰਾਜਾਂ ਵਿੱਚ ਦਿਖਾਈ ਦੇਣ ਲੱਗਾ ਹੈ ਕਿ ਲੋਕ ਪਾਰਲੀਮੈਂਟ ਜਾਂ ਵਿਧਾਨ ਸਭਾ ਦੀ ਵੋਟ ਦੇਣ ਸਮੇਂ ਵੱਖੋ-ਵੱਖ ਢੰਗ ਨਾਲ ਸੋਚਦੇ ਹਨ, ਜਿਸ ਨੂੰ ਨੋਟ ਕਰਨ ਤੋਂ ਸਿਆਸੀ ਪਾਰਟੀਆਂ ਬਹੁਤਾ ਕਰ ਕੇ ਨਾਕਾਮ ਰਹੀਆਂ ਹਨ। ਵੋਟਰ ਦਾ ਏਦਾਂ ਦਾ ਰੁਝਾਨ ਆਪਣੇ ਆਪ ਨੂੰ ਰਾਜਨੀਤੀ ਦੇ ਮਹਾਂਰਥੀ ਸਮਝਣ ਵਾਲੇ ਆਗੂਆਂ ਲਈ ਭਵਿੱਖ ਵਾਸਤੇ ਇੱਕ ਸਬਕ ਸਾਬਤ ਹੋ ਸਕਦਾ ਹੈ।

ਦੂਸਰੀ ਗੱਲ ਇਹ ਕਿ ਭਾਰਤ ਦੀ ਰਾਜਨੀਤੀ ਵਿੱਚ ਹਰ ਚੋਣ ਵੇਲੇ ਜ਼ਿੰਦਗੀ-ਮੌਤ ਦਾ ਸਵਾਲ ਬਣਾ ਲੈਣਾ ਵੀ ਠੀਕ ਨਹੀਂ। ਅਸੀਂ ਬਹੁਤ ਵਾਰੀ ਵੇਖਿਆ ਹੈ ਕਿ ਕਿਸੇ ਰਾਜ ਦੀ ਸਰਕਾਰ ਚਲਾ ਰਹੀ ਪਾਰਟੀ ਆਪਣੇ ਅਧਿਕਾਰ ਖੇਤਰ ਦੀ ਹਰ ਛੋਟੀ-ਵੱਡੀ ਚੋਣ ਨੂੰ ਜਿੱਤਣ ਲਈ ਸਾਰਾ ਕੁਝ ਝੋਕ ਦੇਂਦੀ ਹੈ ਅਤੇ ਜਦੋਂ ਨਤੀਜੇ ਉਸ ਦੀ ਇੱਛਾ ਅਨੁਸਾਰ ਨਾ ਆਉਣ ਤਾਂ ਵਿਰੋਧੀ ਧਿਰਾਂ ਉਸ ਦਾ ਅਸਤੀਫਾ ਮੰਗਣ ਲੱਗ ਜਾਂਦੀਆਂ ਹਨ। ਚੋਣ ਤਾਂ ਚੋਣ ਹੋਇਆ ਕਰਦੀ ਹੈ, ਵੋਟਰ ਕਿਸੇ ਵੀ ਆਗੂ ਜਾਂ ਪਾਰਟੀ ਨੂੰ ਜਿਤਾ ਸਕਦੇ ਹਨ, ਅਗੇਤਾ ਇਹ ਨਹੀਂ ਸੋਚਣਾ ਚਾਹੀਦਾ ਕਿ ਵੋਟਰ ਫਲਾਣੇ ਪਿੱਛੇ ਹੀ ਜਾਵੇਗਾ ਤੇ ਇਹ ਵੀ ਨਹੀਂ ਸੋਚਣਾ ਚਾਹੀਦਾ ਕਿ ਉਸ ਦੀ ਇੱਛਾ ਦਾ ਪ੍ਰਗਟਾਵਾ ਕਿਸੇ ਉੱਪ ਚੋਣ ਵਿੱਚ ਜਿੱਦਾਂ ਹੋਇਆ ਹੈ, ਰਾਜ ਸਰਕਾਰ ਦੀ ਹੋਂਦ ਬਾਰੇ ਉਹ ਇੱਕ ਫਤਵਾ ਹੀਆਇਆ ਹੈ। ਏਦਾਂ ਦੀਆਂ ਕਈ ਚੋਣਾਂ ਦੇਦੌਰਾਨ ਨਤੀਜਾ ਰਾਜਸਰਕਾਰਾਂ ਦੇ ਵਿਰੁੱਧ ਆਉਂਦਾ ਰਿਹਾ ਹੈ, ਸਰਕਾਰਾਂ ਫਿਰ ਵੀ ਚੱਲਦੀਆਂ ਰਹੀਆਂ, ਕਿਸੇ ਚੋਣ ਨਤੀਜੇ ਨਾਲ ਟੁੱਟਦੀਆਂ ਨਹੀਂ ਵੇਖੀਆਂ।

ਅਸੀਂ ਆਪਣੀ ਸੰਭਾਲ ਵਿੱਚ ਪਹਿਲੀ ਉੱਪ ਚੋਣ ਗਿਆਨੀ ਜ਼ੈਲ ਸਿੰਘ ਦੇ ਰਾਜ ਵਿੱਚ ਹੁੰਦੀ ਵੇਖੀ ਸੀ। ਓਦੋਂ ਆਮ ਚੋਣਾਂ ਮੌਕੇ ਡਕਾਲਾ ਹਲਕੇ ਤੋਂ ਅਕਾਲੀ ਦਲ ਦੀ ਜਿੱਤ ਹੋਈ, ਪਰ ਮਸਾਂ ਤਿੰਨ ਸਾਲ ਪਿੱਛੋਂ ਉਸ ਵਿਧਾਇਕ ਦਾ ਦੇਹਾਂਤ ਹੋ ਗਿਆ ਅਤੇ ਉੱਪ-ਚੋਣ ਕਰਵਾਉਣੀ ਪਈ ਸੀ। ਵਿਧਾਇਕ ਦੀ ਜਿੱਤ ਵੇਲੇ ਕਾਂਗਰਸ ਦੀ ਜਿਹੜੀ ਬੀਬੀ ਨੇ ਚੋਣ ਲੜੀ ਅਤੇ ਹਾਰੀ ਸੀ, ਕਾਂਗਰਸ ਨੇ ਫਿਰ ਓਸੇ ਨੂੰ ਟਿਕਟ ਦਿੱਤੀ ਤੇ ਅਕਾਲੀ ਦਲ ਨੇ ਵਿਧਾਇਕ ਦੀ ਪਤਨੀ ਨੂੰ ਟਿਕਟ ਦੇ ਦਿੱਤੀ ਸੀ। ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ ਓਦੋਂ ਅੱਧਾ ਮਹੀਨਾ ਉਸ ਚੋਣ ਲਈ ਖੁਦ ਪ੍ਰਚਾਰ ਦੀ ਅਗਵਾਈ ਕਰਦੇ ਰਹੇ ਸਨ, ਪਰ ਜਦੋਂ ਨਤੀਜਾ ਨਿਕਲਿਆ ਤਾਂ ਕਾਂਗਰਸ ਉਮੀਦਵਾਰ ਹਾਰ ਗਈ ਤੇ ਅਕਾਲੀ ਦਲ ਨੇ ਸੀਟ ਫਿਰ ਜਿੱਤ ਲਈ। ਮੁੱਖ ਮੰਤਰੀ ਬੇਅੰਤ ਸਿੰਘ ਦੇ ਰਾਜ ਦੌਰਾਨ ਤਿੰਨ ਸੀਟਾਂ ਲਈ ਉੱਪ ਚੋਣਾਂ ਹੋਈਆਂ ਤਾਂ ਦੋ ਸੀਟਾਂ ਅਜਨਾਲਾਅਤੇ ਗਿੱਦੜਬਾਹਾ ਅਕਾਲੀ ਦਲ ਨੇ ਜਿੱਤ ਲਈਆਂ ਸਨ ਤੇ ਕਾਂਗਰਸ ਨੂੰ ਸਿਰਫ ਨਕੋਦਰ ਸੀਟ ਮਿਲੀ ਸੀ। ਅਗਲੀ ਵਾਰੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਹੁੰਦੇ ਸਨ ਤਾਂ ਇੱਕ ਮੰਤਰੀ ਸਰੂਪ ਸਿੰਘ ਦੇ ਦੇਹਾਂਤ ਕਾਰਨ ਆਦਮਪੁਰ ਦੀ ਵਿਧਾਨ ਸਭਾ ਸੀਟ ਲਈ ਉੱਪ ਚੋਣ ਕਰਾਉਣੀ ਪੈ ਗਈ ਸੀ, ਜਿਸ ਲਈ ਬਾਦਲ ਸਾਹਿਬ ਖੁਦ ਇੱਕ ਮਹੀਨੇ ਦੇ ਕਰੀਬ ਉਸ ਹਲਕੇ ਦੇ ਹਰ ਇੱਕ ਪਿੰਡ ਵਿੱਚ ਫਿਰਦੇ ਰਹੇ ਸਨ। ਨਤੀਜਾ ਨਿਕਲਿਆ ਤਾਂ ਅਕਾਲੀ ਦਲ ਨੂੰ ਛੇ ਵੋਟਾਂ ਨਾਲ ਹਰਾ ਕੇ ਕਾਂਗਰਸ ਦੇ ਕੰਵਲਜੀਤ ਸਿੰਘ ਲਾਲੀ ਨੇ ਜਿੱਤ ਪ੍ਰਾਪਤ ਕਰ ਲਈ। ਇਹੋ ਜਿਹੇ ਕਿਸੇ ਸਮੇਂ ਵੀ ਚਾਰ ਦਿਨ ਰੌਲਾ ਪਿਆ ਤੇ ਫਿਰ ਸਭ ਜ਼ਿੰਦਗੀ ਆਮ ਵਾਂਗ ਚੱਲਣ ਲੱਗ ਪੈਂਦੀ ਸੀ, ਉਸ ਚੋਣ ਦੇ ਨਤੀਜੇ ਨਾਲ ਕਿਸੇ ਤਰ੍ਹਾਂ ਕੋਈ ਵੱਡਾ ਫਰਕ ਪਿਆ ਨਹੀਂ ਸੀ ਦਿੱਸਿਆ।

ਪੰਜਾਬ ਦੀ ਮੌਜੂਦਾ ਸਰਕਾਰ ਦੌਰਾਨ ਇਹੋ ਜਿਹੀ ਤੀਸਰੀ ਉੱਪ ਚੋਣ ਹੁੰਦੀ ਵੇਖੀ ਗਈ ਹੈ, ਜਿਸ ਲਈ ਸਾਰਾ ਤਾਣ ਹਾਕਮ ਪਾਰਟੀ ਨੇ ਵੀ ਲਾਇਆ ਅਤੇ ਵਿਰੋਧੀ ਧਿਰਾਂ ਵੀ ਕਸਰ ਨਹੀਂ ਛੱਡੀ। ਪਹਿਲੀ ਉੱਪ ਚੋਣ ਵਿਧਾਨ ਸਭਾ ਦੀ ਨਹੀਂ, ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਛੱਡੀ ਗਈ ਸੰਗਰੂਰ ਲੋਕ ਸਭਾ ਸੀਟ ਲਈ ਹੋਈ ਸੀ, ਜਿਹੜੀ ਸਰਕਾਰ ਬਣਨ ਦੇ ਮਸਾਂ ਦੋ ਮਹੀਨੇ ਬਾਅਦ ਹੋ ਗਈ ਤੇ ਬਾਨਵੇਂ ਵਿਧਾਨ ਸਭਾ ਸੀਟਾਂ ਜਿੱਤਣ ਵਾਲੀ ਆਮ ਆਦਮੀ ਪਾਰਟੀ ਉਹ ਸੀਟ ਗੁਆ ਬੈਠੀ ਸੀ। ਚਾਰ ਦਿਨ ਰੌਲਾ ਪਿਆ ਤੇ ਫਿਰ ਗੱਲ ਆਮ ਲੋਕਾਂ ਨੂੰ ਭੁੱਲ ਗਈ ਅਤੇ ਜਦੋਂ ਪਿਛਲੇ ਸਾਲ ਜਲੰਧਰ ਵਾਲੀ ਲੋਕ ਸਭਾ ਚੋਣ ਇਸ ਪਾਰਟੀ ਨੇ ਜਿੱਤ ਲਈ ਤਾਂ ਪਹਿਲੀ ਸੰਗਰੂਰ ਵਾਲੀ ਹਾਰ ਦੀ ਚਰਚਾ ਵੀ ਬੰਦ ਹੋ ਗਈ ਸੀ। ਐਤਕੀਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਜਦੋਂ ਤੇਰਾਂ ਵਿੱਚੋਂ ਮਸਾਂ ਤਿੰਨ ਸੀਟਾਂ ਜਿੱਤ ਸਕੀ ਤਾਂ ਜਲੰਧਰ ਵਿਧਾਨ ਸਭਾ ਉੱਪ ਚੋਣ ਏਥੋਂ ਦੀ ਸਰਕਾਰ ਚਲਾ ਰਹੀ ਧਿਰ ਅਤੇ ਵਿਰੋਧੀ ਧਿਰਾਂ ਲਈ ਵੱਕਾਰ ਦਾ ਮੁੱਦਾ ਸਮਝੀ ਜਾਣ ਲੱਗੀ ਸੀ। ਏਦਾਂ ਵੱਕਾਰ ਦਾ ਮੁੱਦਾ ਸਿਰਫ ਪੰਜਾਬ ਵਿੱਚ ਨਹੀਂ, ਹੋਰਨਾਂ ਰਾਜਾਂ ਵਿੱਚ ਵੀ ਬਣਦਾ ਹੈ ਅਤੇ ਕਦੀ ਸਰਕਾਰ ਚਲਾ ਰਹੀ ਪਾਰਟੀ ਅਤੇ ਕਦੇ ਵਿਰੋਧੀ ਧਿਰ ਨੂੰ ਜਿੱਤਦੇ ਵੇਖਿਆ ਹੈ। ਹਿਮਾਚਲ ਪ੍ਰਦੇਸ਼ ਵਿੱਚ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਨੂੰ ਪਛਾੜ ਲੈਣ ਮਗਰੋਂ ਭਾਜਪਾ ਓਥੇ ਹੋ ਰਹੀਆਂ ਤਿੰਨੇ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਦੇ ਸੁਫਨੇ ਵੇਖਦੀ ਸੀ, ਇੱਕ ਸੀਟ ਮਸਾਂ ਜਿੱਤ ਸਕੀ ਅਤੇ ਕਾਂਗਰਸ ਦੀ ਸਰਕਾਰ ਤੋੜਨ ਦੇ ਉਸ ਦੇ ਸੁਫਨੇ ਕਾਰਨ ਲੋਕਾਂ ਨੇ ਵਿਰੋਧ ਵਿੱਚ ਵੋਟਾਂ ਪਾ ਕੇ ਉਸ ਨੂੰ ਸਬਕ ਸਿੱਖਣ ਲਈ ਮੌਕਾ ਦੇ ਦਿੱਤਾ ਹੈ। ਏਦਾਂ ਹੀ ਪੱਛਮੀ ਬੰਗਾਲ ਦੀਆਂ ਚਾਰ ਸੀਟਾਂ ਲਈ ਉੱਪ ਚੋਣ ਹੋਈ ਤਾਂ ਤ੍ਰਿਣਮੂਲ ਕਾਂਗਰਸ ਦੀ ਝੋਲੀ ਸਾਰੀਆਂ ਸੀਟਾਂ ਪਾ ਕੇ ਆਮ ਲੋਕਾਂ ਨੇ ਭਾਜਪਾ ਦੇ ਕੇਂਦਰੀ ਦਖਲ ਵਿਰੁੱਧ ਆਪਣਾ ਰੋਸ ਪੇਸ਼ ਕਰ ਦਿੱਤਾ ਹੈ।

ਆਮ ਲੋਕ ਕਈ ਵਾਰੀ ਉੱਪ ਚੋਣਾਂ ਨੂੰ ਵੱਡੇ ਧੜਵੈਲਾਂ ਅੱਗੇ ਸਪੀਡ ਬਰੇਕਰ ਵਜੋਂ ਵਰਤਦੇ ਜਾਪਦੇ ਹਨ। ਉੱਤਰਾ ਖੰਡ ਵਿੱਚ ਇੱਕ ਵਾਰੀ ਇੱਕ ਆਗੂ ਨੇ ਮੁੱਖ ਮੰਤਰੀ ਬਣਾਉਣ ਜਾਂ ਪਾਰਟੀ ਛੱਡਣ ਦੀ ਧਮਕੀ ਦੇ ਦਿੱਤੀ ਤਾਂ ਇਸ ਦਬਾਅ ਨਾਲ ਮੁੱਖ ਮੰਤਰੀ ਉਹ ਬੇਸ਼ੱਕ ਬਣ ਗਿਆ, ਛੇ ਮਹੀਨੇ ਵਿੱਚ ਵਿਧਾਇਕ ਬਣਨ ਦੀ ਸ਼ਰਤ ਪੂਰੀ ਕਰਨ ਵਾਸਤੇ ਕਰਵਾਈਉੱਪ ਚੋਣ ਵਿੱਚ ਲੋਕਾਂ ਨੇ ਮੁੱਖ ਮੰਤਰੀ ਹੁੰਦਿਆਂ ਵੀ ਉਸ ਨੂੰ ਹਰਾ ਦਿੱਤਾ ਸੀ। ਉੱਤਰ ਪ੍ਰਦੇਸ਼ ਵਿੱਚ ਮੁੱਖ ਮੰਤਰੀ ਬਣ ਕੇ ਯੋਗੀ ਆਦਿੱਤਿਆਨਾਥ ਨੇ ਜਦੋਂ ਆਪਣੀ ਪਾਰਲੀਮੈਂਟ ਸੀਟ ਛੱਡੀ ਤਾਂ ਓਥੇ ਹੋਈ ਉੱਪ ਚੋਣ ਵਿੱਚ ਭਾਜਪਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਛੱਡੀ ਗਈ ਸੰਗਰੂਰ ਸੀਟ ਵਾਂਗ ਸੀਟ ਗੁਆ ਬੈਠੀ। ਏਦਾਂ ਕਈ ਵਾਰੀ ਕਈ ਥਾਂਈਂ ਹੋ ਚੁੱਕਾ ਹੈ ਅਤੇ ਭਵਿੱਖ ਵਿੱਚ ਵੀ ਹੁੰਦਾ ਰਹੇਗਾ, ਇਸ ਨੂੰ ਵੋਟਰਾਂ ਦਾ ਸਬਕ ਸਿਖਾਉਣ ਵਾਲਾ ਇੱਕ ਫਤਵਾ ਸਮਝ ਲੈਣਾ ਚਾਹੀਦਾ ਹੈ ਅਤੇ ਚੋਣਾਂ ਨੂੰ ਵੱਕਾਰ ਦਾ ਸਵਾਲ ਨਹੀਂ ਬਣਾਉਣਾ ਚਾਹੀਦਾ, ਜਿੱਦਾਂ ਹਰ ਵਾਰੀ ਬਣਾ ਲਿਆ ਜਾਂਦਾ ਹੈ।

ਚੋਣਾਂ ਲੋਕਤੰਤਰੀ ਪ੍ਰਕਿਰਿਆ ਹਨ, ਇਨ੍ਹਾਂ ਨੂੰ ਏਸੇ ਭਾਵਨਾ ਨਾਲ ਲੈਣਾ ਚਾਹੀਦਾ ਹੈ, ਸਿਆਸੀ ਦੁਸ਼ਣਬਾਜ਼ੀ ਅਤੇ ਚਿੱਕੜ ਸੁੱਟਣ ਲਈ ਕਿਸੇ ਨਾਟਕ ਦੀ ਝਾਕੀ ਨਹੀਂ ਬਣਾ ਦੇਣਾ ਚਾਹੀਦਾ। ਲੀਡਰ ਤਾਂ ਚੋਣਾਂ ਪਿੱਛੋਂ ਆਪਣੇ ਹੋਰ ਕੰਮਾਂ ਵਿੱਚ ਰੁੱਝ ਜਾਂਦੇ ਹਨ ਅਤੇ ਜਿਹੜੇ ਲੋਕ ਚੋਣ ਹਲਕਿਆਂ ਵਿੱਚ ਇਨ੍ਹਾਂ ਲੀਡਰਾਂ ਪਿੱਛੇ ਸਥਾਨਕ ਪੱਧਰ ਦੀ ਦੁਸ਼ਮਣੀ ਪਾ ਬੈਠਦੇ ਹਨ, ਉਹ ਦੁਸ਼ਮਣੀ ਫਿਰ ਪੀੜ੍ਹੀਆਂ ਤੱਕ ਚੱਲਦੀ ਵੇਖੀ ਜਾਂਦੀ ਹੈ। ਚੋਣਾਂ ਨੂੰ ਲੋਕਾਂ ਲਈ ਇੱਕ ਰਾਏ ਪ੍ਰਗਟਾਵੇ ਦਾ ਮੌਕਾ ਦੇਣ ਦੀ ਸੋਚ ਦੀ ਥਾਂ ਪੁਰਾਣੇ ਰਾਜਿਆਂ ਦੀਆਂ ਕਿਲ੍ਹਿਆਂ ਉੱਤੇ ਕਬਜ਼ਿਆਂ ਦੀਆਂ ਜੰਗਾਂ ਬਣਾਉਣ ਦਾ ਰੁਝਾਨ ਬਹੁਤ ਮਾੜਾ ਹੈ। ਬਦਕਿਸਮਤੀ ਨਾਲ ਇਹ ਰੁਝਾਨ ਅੱਜਕੱਲ੍ਹ ਭਾਰਤ ਵਿੱਚ ਦਿਨੋ ਦਿਨ ਭਾਰੂ ਹੁੰਦਾ ਜਾ ਰਿਹਾ ਹੈ।

# ਚੰਡੀਗੜ੍ਹ ’ਚ ਗਾਇਕ ਸ਼ਿੰਦਾ ਨੂੰ ਸਮਰਪਿਤ ਗੀਤ ਦਾ ਪੋਸਟਰ ਲਾਂਚ



ਚੰਡੀਗੜ੍ਹ, 15 ਜੁਲਾਈ (ਪੋਸਟ ਬਿਊਰੋ): ਅੱਜ ਚੰਡੀਗੜ੍ਹ 'ਚ ਸਵ. ਪੰਜਾਬੀ ਗਾਇਕ ਸੁਰਿੰਦਰ ਸ਼ਿੰਦਾ ਨੂੰ ਸ਼ਰਧਾਂਜਲੀ ਭੇਟ ਕਰਦੇ ਗੀਤ 'ਕਿੱਥੇ ਤੁਰ ਗਿਆ ਯਾਰਾ' ਦਾ ਪੋਸਟਰ ਰਿਲੀਜ਼ ਕੀਤਾ ਗਿਆ। ਇਸ ਗੀਤ ਨੂੰ ਹਰਪ੍ਰੀਤ ਸਿੰਘ ਸੇਖੋਂ ਨੇ ਲਿਖਿਆ ਹੈ। ਵੀਡੀਓ ਦੇ ਨਿਰਦੇਸ਼ਕ ਬੌਬੀ ਬਾਜਵਾ ਹਨ, ਜਿਸ ਨੂੰ ਤਲਵਿੰਦਰ ਸਿੰਘ ਨਾਗਰਾ ਨੇ ਤਿਆਰ ਕੀਤਾ ਹੈ ਅਤੇ ਸੰਗੀਤ ਗੁਰਮੀਤ ਸਿੰਘ ਨੇ ਦਿੱਤਾ ਹੈ। ਸੁਰਿੰਦਰ ਸ਼ਿੰਦਾ ਨੇ ਜੱਟ ਜਿਉਣਾ ਮੋੜ, ਪੁੱਤ ਜੱਟਾਂ ਦੇ ਤੇ ਯਾਰਾਂ ਟਰੱਕ ਬੱਲੀਏ ਵਰਗੇ ਗੀਤ ਗਾਏ ਹਨ, ਜਿਸ ਲਈ ਉਹ ਦੁਨੀਆਂ ਭਰ ਵਿੱਚ ਮਸ਼ਹੂਰ ਹਨ।

ਪੋਸਟਰ ਲਾਂਚ ਕਰਨ ਮੌਕੇ ਜਾਣਕਾਰੀ ਦਿੰਦਿਆਂ ਟੀਮ ਨੇ ਦੱਸਿਆ ਕਿ ਇਸ ਗੀਤ ਦਾ ਫਿਲਮਾਂਕਣ ਫਤਿਹਗੜ੍ਹ ਸਾਹਿਬ ਸਥਿਤ ਫ਼ਿਲਮ ਸਿਟੀ ਵਿੱਚ ਕੀਤਾ ਗਿਆ ਹੈ। ਇਸ ਗੀਤ ਵਿੱਚ ਗਾਇਕ ਸੁਰਿੰਦਰ ਸ਼ਿਦਾ ਦੇ ਕਈ ਭਾਵੁਕ ਪਲ ਦਿਖਾਏ ਗਏ ਹਨ। ਇਹ ਗੀਤ 26 ਜੁਲਾਈ ਨੂੰ ਲਾਂਚ ਹੋਵੇਗਾ। ਇਸ ਨੂੰ ਆਨਲਾਈਨ ਪਲੇਟਫਾਰਮ 'ਤੇ ਵੀ ਦੇਖਿਆ ਜਾ ਸਕੇਗਾ।ਇਸ ਮੌਕੇ ਬਾਬੂ ਸਿੰਘ ਮਾਨ ਅਤੇ ਹੰਸ ਰਾਜ ਹੰਸ ਵੀ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੱਕ ਜਲਦੀ ਪਹੁੰਚਾਇਆ ਜਾਵੇ : ਡਾ. ਬਲਜੀਤ ਕੌਰ

## ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ/ਵਿਭਾਗ ਦੀ ਕਾਰਗੁਜਾਰੀ ਸਬੰਧੀ ਮੁੱਖ ਦਫਤਰ, ਜਿਲ੍ਹਾ ਪ੍ਰੋਗਰਾਮ ਅਫਸਰਾਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰਾਂ ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਨਾਲ ਸਮੀਖਿਆ ਮੀਟਿੰਗ

ਚੰਡੀਗੜ੍ਹ, 15 ਜੁਲਾਈ (ਪੋਸਟ ਬਿਊਰੋ): ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਬਾਰੇ ਮੰਤਰੀ ਡਾ. ਬਲਜੀਤ ਕੌਰ, ਨੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਸਬੰਧੀ ਮੁੱਖ ਦਫ਼ਤਰ ਦੇ ਅਧਿਕਾਰੀਆਂ, ਸੂਬੇ ਦੇ ਸਮੂਹ ਜ਼ਿਲ੍ਹਾ ਪ੍ਰੋਗਰਾਮ ਅਫ਼ਸਰਾਂ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਤੇ ਬਾਲ ਵਿਕਾਸ ਪ੍ਰੋਜੈਕਟ ਅਫ਼ਸਰਾਂ ਨਾਲ ਕਿਸਾਨ ਭਵਨ ਚੰਡੀਗੜ੍ਹ ਵਿਖੇ ਇੱਕ ਅਹਿਮ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਲੋੜਵੰਦਾਂ ਨੂੰ ਸਮੇਂ ਸਿਰ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ।

ਇਸ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਵਿਸ਼ੇਸ਼ ਮੁੱਖ ਸਕੱਤਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਸ੍ਰੀਮਤੀ ਰਾਜੀ ਪੀ.ਸ੍ਰੀਵਾਸਤਵਾ, ਡਾਇਰੈਕਟਰ ਡਾ. ਸ਼ੇਨਾ ਅਗਰਵਾਲ, ਡਿਪਟੀ ਡਾਇਰੈਕਟਰ ਰੁਪਿੰਦਰ ਕੌਰ, ਅਮਰਜੀਤ ਸਿੰਘ ਭੁੱਲਰ, ਸੁਖਦੀਪ ਸਿੰਘ ਝੱਜ ਤੋਂ ਵਿਭਾਗ ਦੇ ਕੰਮਾਂ ਸਬੰਧੀ ਵਿਚਾਰ ਵਟਾਂਦਰਾਂ ਕੀਤਾ ਗਿਆ।

ਡਾ. ਬਲਜੀਤ ਕੌਰ ਨੇ ਸਮਾਜ ਭਲਾਈ ਸਕੀਮਾਂ, ਔਰਤਾਂ ਅਤੇ ਬੱਚਿਆਂ ਲਈ ਬਣਾਈਆਂ ਗਈਆਂ ਸਕੀਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਹਨਾਂ ਅਧਿਕਾਰੀਆਂ ਨੂੰ ਕੰਮ-ਕਾਜ ਵਿੱਚ ਤੇਜੀ ਅਤੇ ਪਾਰਦਰਸ਼ਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਲੋੜਵੰਦਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਸਮੇਂ ਸਿਰ ਮਿਲ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਬਿਰਧ ਘਰਾਂ, ਬਾਲ ਘਰਾਂ ਅਤੇ ਆਂਗਣਵਾੜੀ ਸੈਂਟਰਾਂ ਦਾ ਨਿਯਮਤ ਨਰੀਖਣ ਕਰਨ ਅਤੇ ਲਗਾਤਾਰ ਨਿੱਜੀ ਰਾਬਤਾ ਰੱਖਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਸਕੀਮਾਂ ਦਾ ਲਾਭ ਲੋੜਵੰਦਾਂ ਨੂੰ ਪਹੁੰਚਾਉਣ ਲਈ ਜ਼ਮੀਨੀ ਪੱਧਰ ਤੇ ਕਾਰਜ਼ ਕੀਤੇ ਜਾਣੇ ਜਰੂਰੀ ਹਨ।

ਮੀਟਿੰਗ ਦੌਰਾਨ ਮੰਤਰੀ ਨੇ ਸੰਗਠਿਤ ਬਾਲ ਵਿਕਾਸ ਸੇਵਾਵਾਂ (ਆਈ.ਸੀ.ਡੀ.ਐਸ.), ਪੋਸ਼ਣ ਟਰੈਕਰ ਐਪਲੀਕੇਸ਼ਨ, ਆਂਗਨਵਾੜੀ ਸੈਂਟਰਾਂ ਦੀ ਰਿਪੇਅਰ ਸਬੰਧੀ, ਮਨਰੇਗਾ ਸਕੀਮ ਅਧੀਨ ਆਂਗਨਵਾੜੀ ਸੈਂਟਰਾਂ ਦੀ ਉਸਾਰੀ, ਟੁਆਇਲਟਾਂ ਦੀ ਉਸਾਰੀ ਦੇ ਵਰਤੋ ਸਰਟੀਫਿਕੇਟ, ਪੂਰਕ ਪੋਸ਼ਣ ਪ੍ਰੋਗਰਾਮ ਸਕੀਮ, ਪੈਨਸ਼ਨ ਅਤੇ ਹੋਰ ਵਿੱਤੀ ਸਹਾਇਤਾ, ਬਾਲ ਘਰਾਂ ਅਤੇ ਬਾਲ ਸੁਧਾਰ ਘਰਾਂ ਦਾ ਨਿਯਮਿਤ ਨਿਰੀਖਣ, ਬਾਲ ਮਜਦੂਰੀ, ਬਾਲ ਭਿਖਿਆ ਅਤੇ ਬਾਲ ਵਿਆਹ, ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ, ਲੰਬਿਤ ਮਾਮਲਿਆਂ ਨੂੰ ਵੈਰੀਫਾਈ, ਬੇਟੀ ਬਚਾਓ ਬੇਟੀ ਪੜ੍ਹਾਓ, ਵਨ ਸਟਾਪ ਸੈਂਟਰ ਸਮੇਤ ਵੱਖ-ਵੱਖ ਪ੍ਰੋਗਰਾਮਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ।







LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate of Excellence THREE BEST RATED

SAFE, RELIABLE AND EFFICIENT SERVICE AT THE BEST RATES



The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

**Sandalwood & Sunny Meadow Blvd**



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

Call JAG AUJLA Dir 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN International CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA